ਮਾਰੂ ਮਹਲਾ ੩ ॥ ਸਚਿ ਰਤੇ ਸੇ ਟੋਲਿ ਲਹੁ ਸੇ ਵਿਰਲੇ ਸੰਸਾਰਿ ॥ ਤਿਨ ਮਿਲਿਆ ਮੁਖੁ ਉਜਲਾ ਜਪਿ ਨਾਮੁ ਮੁਰਾਰਿ ॥੧॥ ਬਾਬਾ ਸਾਚਾ ਸਾਹਿਬੁ ਰਿਦੈ ਸਮਾਲਿ ॥ ਸਤਿਗੁਰੁ ਅਪਨਾ ਪੁਛਿ ਦੇਖੁ ਲੇਹੁ ਵਖਰੁ ਭਾਲਿ ॥੧॥ ਰਹਾਉ ॥ ਇਕੁ ਸਚਾ ਸਭ ਸੇਵਦੀ ਧੁਰਿ ਭਾਗਿ ਮਿਲਾਵਾ ਹੋਇ ॥ ਗੁਰਮੁਖਿ ਮਿਲੇ ਸੇ ਨ ਵਿਛੁੜਹਿ ਪਾਵਹਿ ਸਚੁ ਸੋਇ ॥੨॥ ਇਕਿ ਭਗਤੀ ਸਾਰ ਨ ਜਾਣਨੀ ਮਨਮੁਖ ਭਰਮਿ ਭੁਲਾਇ ॥ ਓਨਾ ਵਿਚਿ ਆਪਿ ਵਰਤਦਾ ਕਰਣਾ ਕਿਛੂ ਨ ਜਾਇ ॥ ੩॥ ਜਿਸੁ ਨਾਲਿ ਜੋਰੁ ਨ ਚਲਈ ਖਲੇ ਕੀਚੈ ਅਰਦਾਸਿ ॥ ਨਾਨਕ ਗੁਰਮੁਖਿ ਨਾਮੁ ਮਨਿ ਵਸੈ ਤਾ ਸੁਣਿ ਕਰੇ ਸਾਬਾਸਿ ॥੪॥੪॥ {ਪੰਨਾ 994}

ਪਦਅਰਥ:- ਸਚਿ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ। ਰਤੇ—ਰੱਤੇ, ਰੰਗੇ ਹੋਏ। ਸੇ—ਉਹ {ਬਹੁ-ਵਚਨ}। ਸੰਸਾਰਿ—ਸੰਸਾਰ ਵਿਚ। ਜਪਿ—ਜਪ ਕੇ। ਨਾਮੁ ਮੁਰਾਰਿ—ਪਰਮਾਤਮਾ ਦਾ ਨਾਮ।1।

ਬਾਬਾ—ਹੇ ਭਾਈ! ਸਾਚਾ—ਸਦਾ-ਥਿਰ। ਸਾਹਿਬੁ—ਮਾਲਕ। ਰਿਦੈ—ਹਿਰਦੈ ਵਿਚ। ਸਮਾਲਿ—ਯਾਦ ਕਰ। ਪੁਛਿ—ਪੁੱਛ ਕੇ। ਵਖਰੁ—ਵੱਖਰੁ, ਨਾਮ ਦਾ ਸੌਦਾ।1। ਰਹਾਉ।

ਸਭ—ਸਾਰੀ ਲੋਕਾਈ। ਸੇਵਦੀ—ਭਗਤੀ ਕਰਦੀ। ਧੁਰਿ—ਧੁਰ ਤੋਂ। ਧੁਰਿ ਭਾਗਿ—ਧੁਰੋਂ ਲਿਖੇ ਭਾਗ ਅਨੁਸਾਰ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਪਾਵਹਿ—ਲੱਭ ਲੈਂਦੇ ਹਨ {ਬਹੁ-ਵਚਨ}।2।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ ਜੀਵ। ਸਾਰ—ਕਦਰ। ਜਾਣਨੀ—ਜਾਣਨਿ, ਜਾਣਦੇ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ। ਭਰਮਿ—ਭਟਕਣਾ ਵਿਚ, ਭਟਕਣਾ ਦੇ ਕਾਰਨ। ਭੁਲਾਇ—ਕੁਰਾਹੇ ਪੈ ਕੇ। ਵਰਤਦਾ—ਮੌਜੂਦ ਹੈ। ਕਰਣਾ ਨ ਜਾਇ—ਕੀਤਾ ਨਹੀਂ ਜਾ ਸਕਦਾ।3।

ਨ ਚਲਈ—ਨ ਚੱਲੈ, ਨਹੀਂ ਚੱਲ ਸਕਦਾ। ਖਲੇ—(ਉਸ ਦੇ ਦਰ ਤੇ) ਖੜੇ ਹੋ ਕੇ, ਅਦਬ ਨਾਲ। ਕੀਚੈ—ਕਰਨੀ ਚਾਹੀਦੀ ਹੈ। ਮਨਿ—ਮਨ ਵਿਚ। ਤਾ—ਤਦੋਂ। ਸੁਣਿ—ਸੁਣ ਕੇ।4।

ਅਰਥ:- ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਨੂੰ (ਆਪਣੇ) ਹਿਰਦੇ ਵਿਚ (ਸਦਾ) ਯਾਦ ਕਰਦਾ ਰਹੁ (ਇਹੀ ਹੈ ਜੀਵਨ ਦਾ ਅਸਲ ਮਨੋਰਥ; ਬੇਸ਼ੱਕ) ਆਪਣੇ ਗੁਰੂ ਨੂੰ ਪੁੱਛ ਕੇ ਵੇਖ ਲੈ। ਹੇ ਭਾਈ! ਗੁਰੂ ਪਾਸੋਂ ਇਹ ਨਾਮ ਦਾ ਸੌਦਾ ਲੱਭ ਲੈ।1। ਰਹਾਉ।

ਹੇ ਭਾਈ! ਜਿਹੜੇ ਮਨੁੱਖ ਸਦਾ-ਥਿਰ ਪਰਮਾਤਮਾ (ਦੇ ਨਾਮ) ਵਿਚ (ਸਦਾ) ਰੰਗੇ ਰਹਿੰਦੇ ਹਨ ਉਹਨਾਂ ਦੀ ਭਾਲ ਕਰ (ਉਂਞ) ਉਹ ਜਗਤ ਵਿਚ ਕੋਈ ਵਿਰਲੇ ਵਿਰਲੇ ਹੀ ਹੁੰਦੇ ਹਨ, ਉਹਨਾਂ ਨੂੰ ਮਿਲਿਆਂ ਪਰਮਾਤਮਾ ਦਾ ਨਾਮ ਜਪ ਕੇ (ਲੋਕ ਪਰਲੋਕ ਵਿਚ) ਸੁਰਖ਼ਰੂ ਹੋ ਜਾਈਦਾ ਹੈ (ਇੱਜ਼ਤ ਮਿਲਦੀ ਹੈ)।1।

ਹੇ ਭਾਈ! ਸਿਰਫ਼ ਇਕ ਪਰਮਾਤਮਾ ਹੀ ਸਦਾ ਕਾਇਮ ਰਹਿਣ ਵਾਲਾ ਹੈ, ਸਾਰੀ ਲੋਕਾਈ ਉਸ ਦੀ ਹੀ ਸੇਵਾ-ਭਗਤੀ ਕਰਦੀ ਹੈ, ਧੁਰੋਂ ਲਿਖੀ ਕਿਸਮਤ ਨਾਲ ਹੀ (ਉਸ ਪਰਮਾਤਮਾ ਨਾਲ) ਮਿਲਾਪ ਹੁੰਦਾ ਹੈ। ਜਿਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ (ਉਸ ਦੇ ਚਰਨਾਂ ਵਿਚ) ਜੁੜਦੇ ਹਨ, ਉਹ (ਮੁੜ) ਨਹੀਂ ਵਿੱਛੁੜਦੇ, ਉਹ ਉਸ ਸਦਾ-ਥਿਰ ਪ੍ਰਭੂ (ਦਾ ਮਿਲਾਪ) ਪ੍ਰਾਪਤ ਕਰ ਲੈਂਦੇ ਹਨ।2।

ਹੇ ਭਾਈ! ਕਈ ਐਸੇ ਬੰਦੇ ਹਨ ਜੋ ਆਪਣੇ ਮਨ ਦੇ ਪਿੱਛੇ ਤੁਰਦੇ ਹਨ, ਮਾਇਆ ਦੀ ਭਟਕਣਾ ਦੇ ਕਾਰਨ ਕੁਰਾਹੇ ਪਏ ਰਹਿੰਦੇ ਹਨ, ਉਹ ਬੰਦੇ ਪ੍ਰਭੂ ਦੀ ਭਗਤੀ ਦੀ ਕਦਰ ਨਹੀਂ ਸਮਝਦੇ। (ਪਰ, ਹੇ ਭਾਈ!) ਉਹਨਾਂ (ਮਨਮੁਖਾਂ) ਦੇ ਅੰਦਰ (ਭੀ) ਪਰਮਾਤਮਾ ਆਪ ਹੀ ਵੱਸਦਾ ਹੈ (ਤੇ ਉਹਨਾਂ ਨੂੰ ਕੁਰਾਹੇ ਪਾਈ ਰੱਖਦਾ ਹੈ, ਸੋ ਉਸ ਦੇ ਉਲਟ) ਕੁਝ ਭੀ ਕੀਤਾ ਨਹੀਂ ਜਾ ਸਕਦਾ।3।

(ਤਾਂ ਫਿਰ ਉਹਨਾਂ ਮਨਮੁਖਾਂ ਵਾਸਤੇ ਕੀਹ ਕੀਤਾ ਜਾਏ? ਇਹੀ ਕਿ) ਜਿਸ ਪਰਮਾਤਮਾ ਦੇ ਅੱਗੇ (ਜੀਵ ਦੀ ਕੋਈ)

ਪੇਸ਼ ਨਹੀਂ ਜਾ ਸਕਦੀ, ਉਸ ਦੇ ਦਰ ਤੇ ਅਦਬ ਨਾਲ ਅਰਦਾਸ ਕਰਦੇ ਰਹਿਣਾ ਚਾਹੀਦਾ ਹੈ। ਹੇ ਨਾਨਕ! ਜਦੋਂ ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਮਨ ਵਿਚ ਵੱਸਦਾ ਹੈ ਤਦੋਂ ਉਹ ਪ੍ਰਭੂ (ਅਰਜ਼ੋਈ) ਸੁਣ ਕੇ ਆਦਰ ਦੇਂਦਾ ਹੈ।4। 4।